ਬਸੰਤੁ ਮਹਲਾ ੩ ॥ ਭਗਤਿ ਵਛਲੁ ਹਰਿ ਵਸੈ ਮਨਿ ਆਇ ॥ ਗੁਰ ਕਿਰਪਾ ਤੇ ਸਹਜ ਸੁਭਾਇ ॥ ਭਗਤਿ ਕਰੇ ਵਿਚਹੁ ਆਪੁ ਖੋਇ ॥ ਤਦ ਹੀ ਸਾਚਿ ਮਿਲਾਵਾ ਹੋਇ ॥ ੧॥ ਭਗਤ ਸੋਹਹਿ ਸਦਾ ਹਰਿ ਪ੍ਰਭ ਦੁਆਰਿ ॥ ਗੁਰ ਕੈ ਹੇਤਿ ਸਾਚੈ ਪ੍ਰੇਮ ਪਿਆਰਿ ॥੧॥ ਰਹਾਉ ॥ ਭਗਤਿ ਕਰੇ ਸੋ ਜਨੁ ਨਿਰਮਲੁ ਹੋਇ ॥ ਗੁਰ ਸਬਦੀ ਵਿਚਹੁ ਹਉਮੈ ਖੋਇ ॥ ਹਰਿ ਜੀਉ ਆਪਿ ਵਸੈ ਮਨਿ ਆਇ ॥ ਸਦਾ ਸਾਂਤਿ ਸੁਖਿ ਸਹਜਿ ਸਮਾਇ ॥੨॥ ਸਾਚਿ ਰਤੇ ਤਿਨ ਸਦ ਬਸੰਤ ॥ ਮਨੁ ਤਨੁ ਹਰਿਆ ਰਵਿ ਗੁਣ ਗੁਵਿੰਦ ॥ ਬਿਨੁ ਨਾਵੈ ਸੂਕਾ ਸੰਸਾਰੁ ॥ ਅਗਨਿ ਤ੍ਰਿਸਨਾ ਜਲੈ ਵਾਰੋ ਵਾਰ ॥੩॥ ਸੋਈ ਕਰੇ ਜਿ ਹਰਿ ਜੀਉ ਭਾਵੈ ॥ ਸਦਾ ਸੁਖੁ ਸਰੀਰਿ ਭਾਣੈ ਚਿਤੁ ਲਾਵੈ ॥ ਅਪਣਾ ਪ੍ਰਭੁ ਸੇਵੇ ਸਹਜਿ ਸੁਭਾਇ ॥ ਨਾਨਕ ਨਾਮੁ ਵਸੈ ਮਨਿ ਆਇ ॥੪॥੫॥ {ਪੰਨਾ 1173}

ਪਦਅਰਥ:- ਵਛਲੁ—{vÄsl} ਪਿਆਰਾ। ਭਗਤਿ ਵਛਲੁ—ਭਗਤੀ ਨਾਲ ਪਿਆਰ ਕਰਨ ਵਾਲਾ। ਮਨਿ—ਮਨ ਵਿਚ। ਆਇ—ਆ ਕੇ। ਤੇ—ਤੋਂ। ਸਹਜ—ਆਤਮਕ ਅਡੋਲਤਾ। ਸੁਭਾਇ—ਪ੍ਰੇਮ ਵਿਚ। ਆਪੁ—ਆਪਾ-ਭਾਵ। ਖੋਹਿ—ਦੂਰ ਕਰ ਕੇ। ਤਦ—ਤਦੋਂ। ਸਾਚਿ—ਸਦਾ-ਥਿਰ ਪ੍ਰਭੂ ਵਿਚ।1।

ਸੋਹਹਿ—ਸੋਭਦੇ ਹਨ। ਪ੍ਰਭ ਦੁਆਰਿ—ਪ੍ਰਭੂ ਦੇ ਦਰ ਤੇ। ਕੈ ਹੇਤਿ—ਦੇ ਪਿਆਰ ਵਿਚ। ਸਾਚੈ ਪਿਆਰਿ—ਸਦਾ-ਥਿਰ ਹਰੀ ਦੇ ਪਿਆਰ ਵਿਚ।1। ਰਹਾਉ।

ਨਿਰਮਲੁ—ਪਵਿੱਤਰ ਜੀਵਨ ਵਾਲਾ। ਗੁਰ ਸਬਦੀ—ਗੁਰੂ ਦੇ ਸ਼ਬਦ ਦੀ ਰਾਹੀਂ। ਸੁਖਿ—ਸੁਖ ਵਿਚ। ਸਹਜਿ—ਆਤਮਕ ਅਡੋਲਤਾ ਵਿਚ।2।

ਰਤੇ—ਰੰਗੇ ਹੋਏ। ਸਦ ਬਸੰਤ—ਸਦਾ ਕਾਇਮ ਰਹਿਣ ਵਾਲਾ ਖਿੜਾਉ। ਹਰਿਆ—ਆਤਮਕ ਜੀਵਨ ਨਾਲ ਭਰਪੂਰ। ਰਵਿ—ਸਿਮਰ ਕੇ। ਸੂਕਾ—ਆਤਮਕ ਜੀਵਨ ਤੋਂ ਸੱਖਣਾ। ਵਾਰੋ ਵਾਰ—ਮੁੜ ਮੁੜ।3।

ਜਿ—ਜਿਹੜੀ ਗੱਲ, ਜੋ ਕੁਝ। ਭਾਵੈ—ਪਸੰਦ ਆਉਂਦੀ ਹੈ। ਸਰੀਰਿ—ਸਰੀਰ ਵਿਚ। ਭਾਣੈ—(ਪ੍ਰਭੂ ਦੀ) ਰਜ਼ਾ ਵਿਚ। ਸਹਜਿ—ਆਤਮਕ ਅਡੋਲਤਾ ਵਿਚ (ਟਿਕ ਕੇ)। ਸੁਭਾਇ—ਪ੍ਰਭੂ ਦੇ ਪ੍ਰੇਮ ਵਿਚ।4।

ਅਰਥ:- ਹੇ ਭਾਈ! ਪਰਮਾਤਮਾ ਦੀ ਬੰਦਗੀ ਕਰਨ ਵਾਲੇ ਮਨੁੱਖ ਸਦਾ ਪਰਮਾਤਮਾ ਦੇ ਦਰ ਤੇ ਸੋਭਦੇ ਹਨ, ਉਹ ਸਦਾ ਗੁਰੂ ਦੇ ਪ੍ਰੇਮ ਵਿਚ ਸਦਾ-ਥਿਰ ਪ੍ਰਭੂ ਦੇ ਪ੍ਰੇਮ ਵਿਚ (ਜੁੜੇ ਰਹਿੰਦੇ ਹਨ)।1। ਰਹਾਉ।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ ਆਤਮਕ ਅਡੋਲਤਾ ਵਿਚ ਪ੍ਰਭੂ ਦੇ ਪਿਆਰ ਵਿਚ ਲੀਨ ਰਹਿੰਦਾ ਹੈ, ਭਗਤੀ ਨਾਲ ਪਿਆਰ ਕਰਨ ਵਾਲਾ ਪ੍ਰਭੂ ਉਸ ਦੇ ਮਨ ਵਿਚ ਆ ਵੱਸਦਾ ਹੈ। ਹੇ ਭਾਈ! ਜਦੋਂ ਮਨੁੱਖ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ ਪਰਮਾਤਮਾ ਦੀ ਭਗਤੀ ਕਰਦਾ ਹੈ, ਤਦੋਂ ਹੀ ਸਦਾ-ਥਿਰ ਪਰਮਾਤਮਾ ਵਿਚ ਉਸ ਦਾ ਮਿਲਾਪ ਹੋ ਜਾਂਦਾ ਹੈ।1।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਅੰਦਰੋਂ ਹਉਮੈ ਦੂਰ ਕਰ ਕੇ ਪਰਮਾਤਮਾ ਦੀ ਭਗਤੀ ਕਰਦਾ ਹੈ, ਉਹ ਮਨੁੱਖ ਪਵਿੱਤਰ ਜੀਵਨ ਵਾਲਾ ਹੋ ਜਾਂਦਾ ਹੈ। ਪ੍ਰਭੂ ਆਪ ਉਸ ਦੇ ਮਨ ਵਿਚ ਆ ਵੱਸਦਾ ਹੈ, ਉਸ ਦੇ ਅੰਦਰ ਸ਼ਾਂਤੀ ਬਣੀ ਰਹਿੰਦੀ ਹੈ, ਉਹ ਸਦਾ ਆਨੰਦ ਵਿਚ ਆਤਮਕ ਅਡਲੋਤਾ ਵਿਚ ਲੀਨ ਰਹਿੰਦਾ ਹੈ।2।

ਹੇ ਭਾਈ! ਜਿਹੜੇ ਮਨੁੱਖ ਸਦਾ-ਥਿਰ ਪ੍ਰਭੂ (ਦੇ ਪਿਆਰ) ਵਿਚ ਰੰਗੇ ਜਾਂਦੇ ਹਨ, ਉਹਨਾਂ ਦੇ ਅੰਦਰ ਸਦਾ ਖਿੜਾਉ ਬਣਿਆ ਰਹਿੰਦਾ ਹੈ। ਗੋਬਿੰਦ ਦੇ ਗੁਣ ਯਾਦ ਕਰ ਕਰ ਕੇ ਉਹਨਾਂ ਦਾ ਮਨ ਉਹਨਾਂ ਦਾ ਤਨ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ। ਹੇ ਭਾਈ! ਪਰਮਾਤਮਾ ਦੇ ਨਾਮ ਤੋਂ ਬਿਨਾ ਜਗਤ ਨਿੱਕੇ ਜਿਹੇ ਵਿਤ ਵਾਲਾ ਹੋਇਆ ਰਹਿੰਦਾ ਹੈ, ਮੁੜ ਮੁੜ (ਮਾਇਆ ਦੀ) ਤ੍ਰਿਸ਼ਨਾ ਦੀ ਅੱਗ ਵਿਚ ਸੜਦਾ ਰਹਿੰਦਾ ਹੈ।3।

ਹੇ ਭਾਈ! ਜਿਹੜਾ ਮਨੁੱਖ ਉਹੀ ਕੁਝ ਕਰਦਾ ਹੈ ਜੋ ਕੁਝ ਪਰਮਾਤਮਾ ਨੂੰ ਚੰਗਾ ਲੱਗਦਾ ਹੈ (ਜਿਹੜਾ ਮਨੁੱਖ ਪ੍ਰਭੂ ਦੀ ਰਜ਼ਾ ਵਿਚ ਤੁਰਦਾ ਹੈ), ਜਿਹੜਾ ਮਨੁੱਖ ਪਰਮਾਤਮਾ ਦੇ ਭਾਣੇ ਵਿਚ ਆਪਣਾ ਚਿੱਤ ਜੋੜਦਾ ਹੈ, ਉਸ ਦੇ ਹਿਰਦੇ ਵਿਚ ਆਤਮਕ ਆਨੰਦ ਬਣਿਆ ਰਹਿੰਦਾ ਹੈ। ਹੇ ਨਾਨਕ! ਜਿਹੜਾ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਪ੍ਰਭੂ-ਪਿਆਰ ਵਿਚ ਜੁੜ ਕੇ ਪਰਮਾਤਮਾ ਦੀ ਭਗਤੀ ਕਰਦਾ ਹੈ, ਪਰਮਾਤਮਾ ਦਾ ਨਾਮ ਉਸ ਦੇ ਮਨ ਵਿਚ ਆ ਵੱਸਦਾ ਹੈ।4।5।